ਪੰਜਾਬ ਸਰਕਾਰ
ਸਕੂਲ ਸਿੱਖਿਆ ਵਿਭਾਗ

ਵੱਲ

ਸਮੂਹ ਜਿਲ੍ਹਾ ਸਿੱਖਿਆ ਅਫ਼ਸਰ (ਸੈ.ਸਿ./ਐ.ਸਿ.)
ਪੰਜਾਬ ਰਾਜ।

ਮੀਮੋ ਨੰ: Samagra/2020 22119 ਮਿਤੀ: 17-01-2020

**ਵਿਸ਼ਾ:-** **ਮਿਸ਼ਨ ਸ਼ਤ-ਪ੍ਰਤੀਸ਼ਤ ਨੂੰ ਸਫ਼ਲ ਬਣਾਉਣ ਬਾਰੇ।**

ਹਵਾਲਾ:- ਇਸ ਦਫ਼ਤਰ ਦੇ ਪੱਤਰ ਨੰ: Samagra/20207163 ਮਿਤੀ 07.01.2020 ਦੇ ਹਵਾਲੇ ਵਿੱਚ।

1.0 ਉਪਰੋਕਤ ਵਿਸ਼ੇ ਸਬੰਧੀ ਪਹਿਲਾਂ ਜਾਰੀ ਹੋਏ ਹਵਾਲਾ ਅਧੀਨ ਪੱਤਰ ਅਤੇ ਸਮੂਹ ਜਿਲ੍ਹਾ ਸਿੱਖਿਆ ਅਫ਼ਸਰਾਂ ਨਾਲ ਸਮੇਂ-ਸਮੇਂ ਸਿਰ ਹੋਈ ਮੀਟਿੰਗਾਂ ਦੇ ਸਬੰਧ ਵਿੱਚ।

2.0 ਜਿਵੇਂ ਕਿ ਆਪ ਜੀ ਨੂੰ ਪਤਾ ਹੈ ਕਿ ਵਿਭਾਗ ਦੁਆਰਾ ਪੰਜਾਬ ਰਾਜ ਦੇ ਸਰਕਾਰੀ ਸਕੂਲਾਂ ਵਿੱਚ ਪੜ੍ਹਨ ਵਾਲੇ ਵਿਦਿਆਰਥੀਆਂ ਦੀ ਗੁਣਾਤਮਿਕ ਸਿੱਖਿਆ ਨੂੰ ਮੱਦੇ-ਨਜ਼ਰ ਰੱਖਦੇ ਹੋਏ ਮਿਸ਼ਨ ਸ਼ਤ-ਪ੍ਰਤੀਸ਼ਤ ਲਾਗੂ ਕੀਤਾ ਗਿਆ ਹੈ। ਇਸ ਮਿਸ਼ਨ ਦੇ ਤਹਿਤ ਪੰਜਾਬ ਰਾਜ ਦੇ ਸਕੂਲਾਂ ਵਿੱਚ ਵੱਧ-ਚੜ੍ਹ ਕੇ ਕੰਮ ਕੀਤਾ ਜਾ ਰਿਹਾ ਹੈ। ਇਸ ਲਈ ਸਮੂਹ ਅਧਿਆਪਕਾਂ ਅਤੇ ਸਕੂਲ ਮੁਖੀਆਂ ਨੂੰ ਵਿਭਾਗ ਦੁਆਰਾ ਹੋਰ ਉਤਸ਼ਾਹਿਤ ਕਰਨ ਦੀ ਲੋੜ ਹੈ। ਵਿਭਾਗ ਇਸ ਗੱਲ ਦੀ ਪ੍ਰਸ਼ੰਸਾ ਕਰਦਾ ਹੈ ਕਿ ਬਹੁਤ ਸਾਰੇ ਅਧਿਆਪਕਾਂ ਦੁਆਰਾ ਵਾਧੂ ਜਮਾਤਾਂ ਲਈਆਂ ਜਾ ਰਹੀਆਂ ਹਨ ਅਤੇ ਵੱਖ-ਵੱਖ ਪੱਧਰ ਤੇ ਵਿਦਿਆਰਥੀਆਂ ਲਈ ਵੱਖਰਾ-ਵੱਖਰਾ ਐਕਸ਼ਨ ਪਲਾਨ ਬਣਾਇਆ ਜਾ ਰਿਹਾ ਹੈ। ਇਸ ਨੂੰ ਹੋਰ ਜ਼ਿਆਦਾ ਮੋਨੀਟਰ ਕਰਨ ਦੀ ਲੋੜ ਹੈ।

3.0 ਦਸੰਬਰ ਮਹੀਨੇ ਦੌਰਾਨ ਲਈ ਗਈ ਪ੍ਰੀਖਿਆ ਦੇ ਸਨਮੁੱਖ ਸਕੂਲਾਂ ਵਿੱਚ ਵੱਖਰੇ-ਵੱਖਰੇ ਪੱਧਰ ਤੇ ਵਿਦਿਆਰਥੀਆਂ ਦੀਆਂ ਲਿਸਟਾਂ ਆਪ ਨੂੰ ਮੁਹੱਈਆ ਕਰਵਾ ਦਿੱਤੀਆਂ ਗਈਆਂ ਹਨ। **ਇੱਥੇ ਇਹ ਵੀ ਸਪੱਸ਼ਟ ਕੀਤਾ ਜਾਂਦਾ ਹੈ ਕਿ ਲੋੜੀਂਦਾ ਡਾਟਾ ਅਧਿਆਪਕਾਂ ਤੋਂ ਲੈਣ ਦੀ ਬਜਾਏ 'ਪੜ੍ਹੋ ਪੰਜਾਬ, ਪੜ੍ਹਾਓ ਪੰਜਾਬ' ਤਹਿਤ ਕੰਮ ਕਰਦੇ ਟੀਮ ਮੈਂਬਰਜ਼ ਦੀ ਮਦਦ ਨਾਲ ਲੈ ਲਿਆ ਜਾਵੇ।** ਆਪ ਨੂੰ ਲਿਖਿਆ ਜਾਂਦਾ ਹੈ ਕਿ ਆਪਣੇ ਜਿਲ੍ਹੇ ਦੇ ਇਸ ਡਾਟਾ ਨੂੰ ਆਧਾਰ ਮੰਨਦੇ ਹੋਏ ਸਕੂਲਾਂ ਦੀ ਪਛਾਣ ਕਰਨ ਉਪਰੰਤ ਇਨ੍ਹਾਂ ਸਕੂਲਾਂ ਤੇ ਵਿਸ਼ੇਸ਼ ਧਿਆਨ ਦਿੱਤਾ ਜਾਵੇ ਅਤੇ ਸਬੰਧਤ ਸਕੂਲ ਮੁੱਖੀਆਂ ਤੇ ਅਧਿਆਪਕਾਂ ਨੂੰ ਉਤਸ਼ਾਹਿਤ ਕੀਤਾ ਜਾਵੇ।

4.0 ਮਿਸ਼ਨ ਸ਼ਤ-ਪ੍ਰਤੀਸ਼ਤ ਤਹਿਤ ਨਾ ਸਿਰਫ਼ ਵਧੀਆ ਰਿਜ਼ਲਟ ਪ੍ਰਾਪਤ ਕਰਨ ਦਾ ਮਕਸਦ ਹੈ ਬਲਕਿ ਵਿਦਿਆਰਥੀਆਂ ਦੇ ਚੰਗੇ ਨੰਬਰ ਲੈ ਕੇ ਪਾਸ ਹੋਣ ਨੂੰ ਵੀ ਮਿਸ਼ਨ ਸ਼ਤ-ਪ੍ਰਤੀਸ਼ਤ ਦਾ ਟੀਚਾ ਰੱਖਿਆ ਗਿਆ ਹੈ। ਮੈਨੂੰ ਪੂਰੀ ਉਮੀਦ ਹੈ ਕਿ ਆਪ ਦੀ ਅਗਵਾਈ ਹੇਠ ਆਪ ਦੇ ਜਿਲ੍ਹੇ ਦੇ ਸਮੂਹ ਸਕੂਲ ਮੁੱਖੀ ਅਤੇ ਅਧਿਆਪਕ ਹੋਰ ਜ਼ਿਆਦਾ ਮਿਹਨਤ ਕਰਨਗੇ ਅਤੇ ਆਉਣ ਵਾਲੀ ਪ੍ਰੀਖਿਆ ਵਿੱਚ ਵਿਦਿਆਰਥੀਆਂ ਦੇ ਚੰਗੇ ਨਤੀਜੇ ਆਉਣਗੇ।

**ਸਕੱਤਰ ਸਕੂਲ ਸਿੱਖਿਆ**